# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 06-01-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵੀਡੀਓ ਕਾਨਫਰੰਸ ਰਾਹੀਂ,ਜੰਮੂ ਰੇਲਵੇ ਡਿਵੀਜ਼ਨ ਸਮੇਤ ਵੱਖ-ਵੱਖ ਰੇਲਵੇ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ।
- ਅਜਿਹਾ ਹੋਣ ਨਾਲ ਪਠਾਨਕੋਟ ਜੰਕਸ਼ਨ ਵੀ, ਫਿਰੋਜ਼ਪੁਰ ਮੰਡਲ ਚੋਂ ਬਦਲ ਕੇ, ਜੰਮੂ ਮੰਡਲ ਹੇਠ ਆ ਗਿਆ ਏ।
- ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਅੰਮ੍ਰਿਤਸਰ ਸਥਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਏ- ਸ੍ਰੀ ਅਕਾਲ ਤਖਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਸਜਾਏ ਗਏ ਅਲੌਕਿਕ ਜਲੌਅ।

- ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ, ਪੰਜਾਬ ਨੂੰ ਕੂੜਾ ਮੁਕਤ ਕਰਨ ਦੇ ਆਜ਼ਮਾਇਸ਼ੀ ਪ੍ਰੋਜੈਕਟ ਦੀ ਖੰਨਾ ਸ਼ਹਿਰ ਤੋਂ ਕੀਤੀ ਸ਼ੁਰੂਆਤ ।
- ਮੌਸਮ ਵਿਭਾਗ ਨੇ ਅੱਜ ਪੰਜਾਬ ਤੇ ਚੰਡੀਗੜ੍ਹ ਵਿੱਚ ਕੁਝ ਥਾਵਾਂ ‘ਤੇ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵੀਡੀਓ ਕਾਨਫਰੰਸ ਰਾਹੀਂ ਵੱਖ-ਵੱਖ ਰੇਲਵੇ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ । ਪ੍ਰਧਾਨ ਮੰਤਰੀ ਨੇ ਖੇਤਰ ਵਿੱਚ ਸੰਪਰਕ ਨੂੰ ਹੋਰ ਹੁਲਾਰਾ ਦੇਣ ਲਈ ਨਵੇਂ ਜੰਮੂ ਰੇਲਵੇ ਡਿਵੀਜ਼ਨ ਦਾ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਜੰਮੂ ਰੇਲਵੇ ਡਵੀਜ਼ਨ ਦੇ ਨਿਰਮਾਣ ਨਾਲ ਜੰਮੂ-ਕਸ਼ਮੀਰ ਅਤੇ ਆਸ-ਪਾਸ ਦੇ ਖੇਤਰਾਂ ਨੂੰ ਕਾਫੀ ਫਾਇਦਾ ਹੋਵੇਗਾ ਅਤੇ ਇੱਥੋਂ ਦੇ ਲੋਕਾਂ ਦੀ ਚਿਰੋਕਣੀ ਮੰਗ ਪੂਰੀ ਹੋਵੇਗੀ। ਇਸ ਵਿੱਚ ਪਠਾਨਕੋਟ-ਜੰਮੂ-ਊਧਮਪੁਰ-ਸ੍ਰੀਨਗਰ-ਬਾਰਾਮੂਲਾ, ਭੋਗਪੁਰ ਸਿਰਵਾਲ-ਪਠਾਨਕੋਟ, ਬਟਾਲਾ-ਪਠਾਨਕੋਟ ਅਤੇ ਪਠਾਨਕੋਟ ਤੋਂ ਜੋਗਿੰਦਰ ਨਗਰ ਸੈਕਸ਼ਨ ਸ਼ਾਮਲ ਨੇ । ਇਸ ਨਾਲ

ਰੁਜ਼ਗਾਰ ਦੇ ਮੌਕੇ ਪੈਦਾ ਹੋਣਗੇ, ਬੁਨਿਆਦੀ ਢਾਂਚੇ ਦਾ ਵਿਕਾਸ ਹੋਵੇਗਾ, ਸੈਰ-ਸਪਾਟੇ ਨੂੰ ਉਤਸ਼ਾਹਿਤ ਕੀਤਾ ਜਾਵੇਗਾ ਅਤੇ ਖੇਤਰ ਦਾ ਸਮੁੱਚਾ ਸਮਾਜਿਕ-ਆਰਥਿਕ ਵਿਕਾਸ ਹੋਵੇਗਾ। ਇਸ ਮੌਕੇ ਬੋਲਦਿਆਂ ਪ੍ਰਧਾਨ ਮੰਤਰੀ ਨੇ ਕਿਹਾ

**BYTE:**

ਪ੍ਰਧਾਨ ਮੰਤਰੀ ਮੋਦੀ ਨੇ ਤੇਲੰਗਾਨਾ ਵਿੱਚ ਚਾਰਲਾ-ਪੱਲੀ ਨਵੇਂ ਟਰਮੀਨਲ ਸਟੇਸ਼ਨ ਦਾ ਉਦਘਾਟਨ ਵੀ ਕੀਤਾ ਅਤੇ ਪੂਰਵੀ ਤੱਟ ਰੇਲਵੇ ਦੇ ਰਾਏਗੜ੍ਹਾ ਰੇਲਵੇ ਡਿਵੀਜ਼ਨ ਦੀ ਇਮਾਰਤ ਦਾ ਨੀਂਹ ਪੱਥਰ ਵੀ ਰੱਖਿਆ। ਇਸ ਮੌਕੇ 'ਤੇ ਬੋਲਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਜੰਮੂ ਅਤੇ ਕਸ਼ਮੀਰ, ਤੇਲੰਗਾਨਾ ਅਤੇ ਉੜੀਸਾ ਵਿੱਚ ਰੇਲ ਬੁਨਿਆਦੀ ਢਾਂਚਾ ਪ੍ਰੋਜੈਕਟਾਂ ਦੀ ਸ਼ੁਰੂਆਤ ਨਾਲ, ਸੈਰ-ਸਪਾਟੇ ਨੂੰ ਉਤਸ਼ਾਹ ਮਿਲੇਗਾ ਅਤੇ ਇਹਨਾਂ ਖੇਤਰਾਂ ਵਿੱਚ ਸਮਾਜਿਕ-ਆਰਥਿਕ ਵਿਕਾਸ ਵਿੱਚ ਵਾਧਾ ਹੋਵੇਗਾ । ਉਨ੍ਹਾਂ ਕਿਹਾ ਕਿ ਪਿਛਲਾ ਦਹਾਕਾ ਭਾਰਤੀ ਰੇਲਵੇ ਦੀ ਪ੍ਰਤੱਖ ਤਬਦੀਲੀ ਦਾ ਦਹਾਕਾ ਰਿਹਾ ਏ ਅਤੇ ਇਸ ਨੇ ਦੇਸ਼ ਦਾ ਅਕਸ ਬਦਲਿਆ ਏ । ਸ਼੍ਰੀ ਮੋਦੀ ਨੇ ਕਿਹਾ ਕਿ ਅੱਜ ਭਾਰਤ ਰੇਲਵੇ ਲਾਈਨਾਂ ਦੇ 100 ਫੀਸਦੀ

ਬਿਜਲੀਕਰਨ ਦੇ ਨੇੜੇ ਏ । ਭਾਰਤ ਵਿਚ ਰੇਲਵੇ ਦੇ ਵਿਕਾਸ ਬਾਰੇ ਉਨ੍ਹਾਂ ਕਿਹਾ ।

**BYTE:**

ਇਸ ਮੌਕੇ ਕੇਂਦਰੀ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਜੰਮੂ ਰੇਲਵੇ ਡਵੀਜ਼ਨ ਬਣਨ ਨਾਲ, ਜੰਮੂ-ਕਸ਼ਮੀਰ ਵਿੱਚ ਨਵੀਆਂ ਸਹੂਲਤਾਂ ਦੇ ਵਿਕਾਸ ਅਤੇ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਵਿੱਚ ਮਦਦ ਮਿਲੇਗੀ।

---------------------------------------------------------

ਪ੍ਰਧਾਨ ਮੰਤਰੀ ਵੱਲੋਂ ਜੰਮੂ ਰੇਲਵੇ ਮੰਡਲ ਦਾ ਉਦਘਾਟਨ ਕਰਨ ਨਾਲ, ਪੰਜਾਬ ਦਾ ਪਠਾਨਕੋਟ ਰੇਲਵੇ ਸਟੇਸ਼ਨ ਵੀ ਫਿਰੋਜ਼ਪੁਰ ਮੰਡਲ ਚੋਂ ਨਿਕਲ ਕੇ, ਹੁਣ ਜੰਮੂ ਮੰਡਲ ਹੇਠ ਆ ਗਿਆ ਏ । ਅਜਿਹਾ ਹੋਣ ਨਾਲ ਪਠਾਨਕੋਟ ਤੋਂ ਜੰਮੂ -ਉਦਮਪੁਰ-ਸ੍ਰੀਨਗਰ ਤੋਂ ਬਾਰਾਂਮੁੱਲਾ ਤੱਕ ਦਾ ਸਫਰ ਅਸਾਨ ਹੋ ਜਾਵੇਗਾ

**BYTE:**

ਜੰਮੂ ਮੰਡਲ ਵਿੱਚ 538.38 ਰੂਟ ਕਿਲੋਮੀਟਰ ਬ੍ਰੋਡ ਗੇਜ ਲਾਈਨ

ਹੋਵੇਗੀ, ਇਸ ਵਿੱਚ ਨਵੀਂ ਦਿੱਲੀ ਅਤੇ ਸ੍ਰੀਮਾਤਾ ਵੈਸ਼ਨੋ ਦੇਵੀ ਕੱਟੜਾਂ ਵਿਚਕਾਰ ਚੱਲਣ ਵਾਲੀਆਂ ਦੋ ਵੰਦੇ ਭਾਰਤ ਐਕਸਪਰੈਸ ਅਤੇ ਨਵੀਂ ਦਿੱਲੀ ਜੰਮੂ ਤਵੀ, ਨਵੀਂ ਦਿੱਲੀ ਰਾਜਧਾਨੀ ਐਕਸਪ੍ਰੈਸ ਸਮੇਤ ਬੜਗਾਮ ਸ੍ਰੀ ਮਾਤਾ ਵੈਸ਼ਨੋ ਦੇਵੀ ਕੱਟੜਾ ਉਧਮਪੁਰ ਜੰਮੂ ਤੋਂ ਅਤੇ ਪਠਾਨਕੋਟ ਤੋਂ ਚੱਲਣ ਵਾਲੀਆਂ ਤਕਰੀਬਨ 55 ਰੇਲ ਗੱਡੀਆਂ ਸ਼ਾਮਿਲ ਨੇ।

---------------------------------------------------------------

ਅੰਮ੍ਰਿਤਸਰ ਸਥਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਰਬੰਸਦਾਨੀ, ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਏ । ਇਸ ਮੌਕੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਪੁੱਜ ਕੇ ਦਰਸ਼ਨ ਇਸ਼ਨਾਨ ਕਰਨ ਦੇ ਨਾਲ-ਨਾਲ ਗੁਰਬਾਣੀ ਕੀਰਤਨ ਸਰਵਣ ਕੀਤਾ । ਸਾਰਾ ਦਿਨ ਸੰਗਤ ਦੀ ਆਮਦ ਨਿਰੰਤਰ ਬਣੀ ਰਹੀ। ਸ੍ਰੀ ਅਕਾਲ ਤਖਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਅਲੌਕਿਕ ਜਲੌ ਸਜਾਏ ਗਏ, ਜਿਸ ਦੇ ਦਰਸ਼ਨ ਕਰਕੇ ਸੰਗਤ ਨੇ ਅਨੰਦ ਮਾਣਿਆ। ਇਸੇ ਦੌਰਾਨ ਦਸਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਗੁਰਪੁਰਬ ਦੇ

ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਹਰਪਾਲ ਸਿੰਘ ਦੇ ਜਥੇ ਨੇ ਕੀਰਤਨ ਕੀਤਾ। ਅਰਦਾਸ ਭਾਈ ਗੁਰਚਰਨ ਸਿੰਘ ਨੇ ਕੀਤੀ । ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਸਾਰਾ ਦਿਨ ਸਜੇ ਧਾਰਮਿਕ ਦੀਵਾਨ ਵਿਚ ਰਾਗੀ, ਢਾਡੀ, ਕਵੀਸ਼ਰ, ਪ੍ਰਚਾਰਕਾਂ ਤੇ ਪੰਥਕ ਕਵੀਆਂ ਨੇ ਗੁਰੂ ਸਾਹਿਬ ਜੀ ਦਾ ਜੀਵਨ ਇਤਿਹਾਸ ਸੰਗਤ ਨਾਲ ਸਾਂਝਾ ਕੀਤਾ। ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ, ਸੰਗਤਾਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿਤੀ। ਜ਼ਿਕਰਯੋਗ ਏ ਕਿ ਇਸ ਵੇਲੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਅਤ ਸੁੰਦਰ ਦੀਪਮਾਲਾ ਤੇ ਆਤਿਸ਼ਬਾਜ਼ੀ ਕੀਤੀ ਜਾ ਰਹੀ ਏ।

-------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅੱਜ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਦੇ ਮੌਕੇ ਆਪਣੇ ਪਰਿਵਾਰ ਸਮੇਤ ਰੋਪੜ

ਤੇ ਗੁਰਦੁਆਰਾ ਸ੍ਰੀ ਭੱਠਾ ਸਾਹਿਬ ਵਿਖੇ ਨਤਮਸਤਕ ਹੋਏ। ਉਨਾਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ । ਉਹਨਾਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਲੋਂ ਲੜੀਆਂ ਗਈਆਂ ਲੜਾਈਆਂ ਅਤੇ ਉਹਨਾਂ ਦੇ ਪਰਿਵਾਰ ਦੀ ਕੁਰਬਾਨੀਆਂ ਦੀ ਮਿਸਾਲ ਦੁਨੀਆਂ ਵਿੱਚ ਕਿਤੇ ਨਹੀਂ ਮਿਲਦੀ । ਉਹਨਾਂ ਇਸ ਪ੍ਰਕਾਸ਼ ਦਿਹਾੜੇ ਵੀ ਸਾਰਿਆਂ ਨੂੰ ਵਧਾਈ ਵੀ ਦਿੱਤੀ। ਓਧਰ ਫਾਜ਼ਿਲਕਾ ਦੀ ਪੁਲਿਸ ਲਾਈਨ ਵਿਖੇ ਸ੍ਰੀ ਗੁਰਦੁਆਰਾ ਸਾਹਿਬ ਵਿਚ ਗੁਰੂ ਸਾਹਿਬ ਦਾ ਪ੍ਰਕਾਸ਼ ਪੁਰਬ ਮਨਾਇਆ ਗਿਆ । ਇਸ ਮੌਕੇ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਇਸ ਦੌਰਾਨ ਐਸ.ਐਸ.ਪੀ. ਵਰਿੰਦਰ ਸਿੰਘ ਬਰਾੜ ਦੀ ਅਗਵਾਈ ਹੇਠ ਪੁਲਿਸ ਨੇ ਸਰਬਤ ਦੇ ਭਲੇ ਲਈ ਅਰਦਾਸ ਕੀਤੀ।

---------------------------------------------------

ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਪੰਜਾਬ ਨੂੰ ਕੂੜਾ ਮੁਕਤ ਕਰਨ ਦੇ ਆਜ਼ਮਾਇਸ਼ੀ ਪ੍ਰੋਜੈਕਟ ਦੀ ਖੰਨਾ ਸ਼ਹਿਰ ਤੋਂ ਸ਼ੁਰੂਆਤ ਕੀਤੀ ਏ । ਖੰਨਾ ਵਿਖੇ ਉਨ੍ਹਾਂ ਅੱਜ ਕੂੜੇ ਨੂੰ ਵੱਖ ਵੱਖ ਕਰਨ ਬਾਰੇ ਪਲਾਂਟ ਦਾ ਉਦਘਾਟਨ ਕੀਤਾ।

ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਇਸ ਆਜ਼ਮਾਇਸ਼ੀ ਪ੍ਰੋਜੈਕਟ 'ਤੇ 4 ਕਰੋੜ ਰੁਪਏ ਦੀ ਲਾਗਤ ਆਈ ਏ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਦੀ ਸ਼ੁਰੂਆਤ ਇਕ ਸਾਲ ਲਈ ਕੀਤੀ ਜਾ ਰਹੀ ਏ। ਇਸ ਪ੍ਰੋਜੈਕਟ ਦੀ ਕਾਮਯਾਬੀ ਤੋਂ ਬਾਅਦ ਇਸ ਨੂੰ ਪੰਜਾਬ ਦੇ ਹੋਰਨਾਂ ਖੇਤਰਾਂ ਵਿੱਚ ਵੀ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਸੂਬੇ ਨੂੰ ਕੂੜਾ ਮੁਕਤ ਕਰਨ ਲਈ ਯਤਨਸ਼ੀਲ ਏ । ਉਨ੍ਹਾਂ ਦੱਸਿਆ ਕਿ ਖੰਨਾ ਸ਼ਹਿਰ ਦੇ ਹਰ ਵਾਰਡ ਦੇ ਹਰ ਇਕ ਘਰ ਵਿੱਚੋਂ ਗਿੱਲਾ ਅਤੇ ਸੁੱਕਾ ਕੂੜਾ ਅਲੱਗ-ਅਲੱਗ ਕਰਕੇ ਚੁੱਕਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਦੇ ਸ਼ੁਰੂ ਹੋਣ ਨਾਲ ਖੰਨਾ ਸ਼ਹਿਰ ਦੇ ਕਿਸੇ ਵੀ ਹੋਰ ਪੁਆਇੰਟ ‘ਤੇ ਕੂੜਾ ਨਹੀਂ ਸੁੱਟਿਆ ਜਾਵੇਗਾ, ਜਿਸ ਨਾਲ ਖੰਨਾ ਸ਼ਹਿਰ ਦੇ ਸਾਰੇ ਵਾਰਡਾਂ ਵਿੱਚੋਂ ਕੂੜਾ ਖਤਮ ਹੋ ਜਾਵੇਗਾ ਅਤੇ ਸ਼ਹਿਰ ਦੀ ਦਿੱਖ ਸੁੰਦਰ ਤੇ ਖੂਬਸੂਰਤ ਦਿਸੇਗੀ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਅਧੀਨ ਖੰਨਾ ਸ਼ਹਿਰ ਦੇ ਸਾਰੇ ਰਿਹਾਇਸ਼ੀ,ਵਪਾਰਕ, ਰੇਹੜੀ ਫੜ੍ਹੀ ਵਾਲਿਆਂ ਨੂੰ ਇੱਕ ਯੂਜ਼ਰ ਨੰਬਰ ਜਾਰੀ ਕਰ ਕੇ ਇੱਕ ਐਪ ਨਾਲ ਜੋੜਿਆ ਜਾਵੇਗਾ। ਕੂੜਾ ਇੱਕਠਾ ਕਰਨ ਦਾ ਬਹੁਤ ਹੀ ਘੱਟ ਬਿੱਲ ਹਰੇਕ ਯੂਜ਼ਰ ਨੂੰ ਮੈਸੇਜ ਰਾਹੀਂ ਮੋਬਾਇਲ ‘ਤੇ

ਭੇਜਿਆ ਜਾਵੇਗਾ। ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਸ਼ਹਿਰ ਵਾਸੀ ਯੂਜ਼ਰ ਚਾਰਜੀਜ਼ ਨੂੰ ਆਨ ਲਾਈਨ ਅਤੇ ਆਫ ਲਾਈਨ ਦੋਹਾਂ ਤਰੀਕਿਆਂ ਨਾਲ ਅਦਾ ਕਰ ਸਕਦੇ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਸਬੰਧੀ ਇੱਕ ਸ਼ਿਕਾਇਤ ਸੈਲ ਵੀ ਸਥਾਪਿਤ ਕੀਤਾ ਗਿਆ ਏ ਜਿਸ ਦਾ ਟੋਲ ਫਰੀ ਨੰਬਰ 1800-121-5721 ਏ। ਉਨ੍ਹਾਂ ਕਿਹਾ ਕਿ ਇਸ ਟੋਲ ਫਰੀ ਨੰਬਰ ‘ਤੇ ਕੂੜੇ ਸਬੰਧੀ ਪ੍ਰਾਪਤ ਹੋਈ ਕੋਈ ਵੀ ਸ਼ਿਕਾਇਤ ‘ਤੇ 60 ਮਿੰਟ ਵਿਚ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਖੰਨਾ ਸ਼ਹਿਰ ਵਿਚ ਕੂੜਾ ਚੁੱਕਣ ਵਾਲੇ ਸਾਰੇ ਵਾਹਨਾਂ ਦੀ ਜੀ.ਪੀ.ਐਸ. ਟਰੈਕਿੰਗ ਹੋਵੇਗੀ। ਇਨ੍ਹਾਂ ਸਾਰੇ ਵਾਹਨਾਂ ਦਾ ਵੇਰਵਾ ਸਥਾਪਤ ਕੀਤੇ ਕੰਟਰੋਲ ਰੂਮ ਦੀ ਸਕਰੀਨ 'ਤੇ ਲਾਈਵ ਦਿਖੇਗਾ ਕਿ ਕਿਹੜਾ ਵਾਹਨ ਖੰਨਾ ਸ਼ਹਿਰ ਦੇ ਕਿਹੜੇ ਵਾਰਡ ਵਿੱਚੋਂ ਕੂੜਾ ਚੁੱਕ ਰਿਹਾ ਏ।

-----------------------------------------------------------

ਬ੍ਰਿਗੇਡੀਅਰ ਵੀ.ਐਸ. ਚੌਹਾਨ ਨੇ ਐਨ.ਸੀ.ਸੀ ਗਰੁੱਪ ਚੰਡੀਗੜ੍ਹ ਦੇ ਗਰੁੱਪ ਕਮਾਂਡਰ ਵਜੋਂ ਅਹੁਦਾ ਸੰਭਾਲ ਲਿਆ ਏ। ਬ੍ਰਿਗੇਡੀਅਰ ਵੀ.ਐਸ. ਚੌਹਾਨ ਨੂੰ 5ਵੀਂ ਬਟਾਲੀਅਨ (ਸਪੈਸ਼ਲ ਫੋਰਸਿਜ਼), ਪੈਰਾਸ਼ੂਟ ਰੈਜੀਮੈਂਟ

ਵਿੱਚ ਕਮਿਸ਼ਨ ਕੀਤਾ ਗਿਆ ਸੀ ਅਤੇ ਕਮਿਸ਼ਨਿੰਗ ਸਮੇ ਭਾਰਤੀ ਮਿਲਟਰੀ ਅਕੈਡਮੀ ਤੋਂ 'ਸਵੋਰਡ ਔਫ ਔਨਰ' ਨਾਲ ਸਨਮਾਨਿਤ ਕੀਤਾ ਗਿਆ ਸੀ। ਉਨ੍ਹਾਂ ਨੂੰ ਜੰਮੂ-ਕਸ਼ਮੀਰ ਵਿੱਚ ਅੱਤਵਾਦ ਵਿਰੋਧੀ ਕਾਰਵਾਈਆਂ ਵਿੱਚ ਯੋਗਦਾਨ ਲਈ ਯੁੱਧ ਸੇਵਾ ਮੈਡਲ ਨਾਲ ਵੀ ਸਨਮਾਨਿਤ ਕੀਤਾ ਗਿਆ । ਬ੍ਰਿਗੇਡੀਅਰ ਚੌਹਾਨ ਕੋਲ ਵਿਆਪਕ ਤਜ਼ਰਬਾ ਏ । ਓਹਨਾ ਨੇ ਭਾਰਤ ਦੇ ਦੋ ਰਾਸ਼ਟਰਪਤੀ - ਡਾ ਸ਼ੰਕਰ ਦਿਆਲ ਸ਼ਰਮਾ ਅਤੇ ਸ਼੍ਰੀ ਕੇ ਆਰ ਨਾਰਾਇਣਨ ਲਈ ਏ.ਡੀ.ਸੀ ਵਜੋਂ ਸੇਵਾ ਵੀ ਨਿਭਾਈ। ਉਹ ਯੂਐਸ ਆਰਮੀ ਦੇ ਜੌਹਨ ਐਫ ਕੈਨੇਡੀ ਸਪੈਸ਼ਲ ਵਾਰਫੇਅਰ ਸੈਂਟਰ ਦਾ ਇੱਕ ਹੋਣਹਾਰ ਸਾਬਕਾ ਵਿਦਿਆਰਥੀ ਵੀ ਰਹੇ ਹਨ । ਬ੍ਰਿਗੇਡੀਅਰ ਚੌਹਾਨ ਹੁਣ ਐਨਸੀਸੀ ਗਰੁੱਪ ਚੰਡੀਗੜ੍ਹ ਦੀਆਂ ਏਅਰ ਸਕੁਐਡਰਨ ਅਤੇ ਨੇਵਲ ਯੂਨਿਟ ਸਮੇਤ 4 ਯੂਨਿਟ ਦੀ ਕਮਾਂਡ ਕਰਨਗੇ । ਇਹ ਗਰੁੱਪ 54 ਕਾਲਜਾਂ ਅਤੇ ਸਕੂਲਾਂ ਦੇ 5 ਹਜ਼ਾਰ ਤੋਂ ਵੱਧ ਕੈਡਿਟਾਂ ਨੂੰ ਸਿਖਲਾਈ ਦਿੰਦਾ ਏ । ਬ੍ਰਿਗੇਡੀਅਰ ਵੀ.ਐਸ. ਚੌਹਾਨ ਨੇ 31 ਦਸੰਬਰ, 2024 ਨੂੰ ਸੇਵਾਮੁਕਤ ਹੋਏ ਬ੍ਰਿ-ਗੇਡੀਅਰ ਹਰਪ੍ਰੀਤ ਸਿੰਘ ਦੀ ਥਾਂ ਲਈ ਏ ।

---------------------------------------------------------------

ਭਾਰਤ ਦੇ ਨਕਲੀ ਅੰਗ ਨਿਰਮਾਣ ਨਿਗਮ-ਅਲਿਮਕੋ ਵਲੋਂ ਅੰਮ੍ਰਿਤਸਰ ਜਿਲ੍ਹਾ ਪ੍ਰਸਾਸ਼ਨ ਦੀ ਸਹਾਇਤਾ ਨਾਲ ਦਿਵਿਆਂਗਜਨਾਂ ਅਤੇ ਬਜ਼ੁਰਗ ਨਾਗਰਿਕਾਂ ਦੀ ਭਲਾਈ ਲਈ, ਵੱਖ-ਵੱਖ ਸਰਕਾਰੀ ਹਸਤਾਲਾਂ ਵਿੱਚ ਮੈਡੀਕਲ ਕੈਂਪ ਲਗਾਏ ਜਾ ਰਹੇ ਨੇ, ਜਿੱਥੇ ਉਨਾਂ ਦੀ ਲੋੜ ਅਨੁਸਾਰ ਸਹਾਇਕ ਉਪਕਰਨ ਮੁਹਈਆ ਕਰਾਉਣ ਲਈ ਮਾਹਿਰਾਂ ਦੀ ਟੀਮ ਉਹਨਾਂ ਨੂੰ ਦਿਤੀਆਂ ਜਾਣ ਵਾਲੀਆਂ ਸਹੂਲਤਾ ਦਾ ਜਾਇਜ਼ਾ ਲੈ ਰਹੀ ਏ। ਇਹ ਕੈਂਪ 26 ਜਨਵਰੀ ਤੱਕ ਚੱਲਣਗੇ, ਜਿਨਾਂ ਵਿੱਚ ਹਰੇਕ ਸ਼ਨਿਚਰਵਾਰ ਜਿਲਾ ਹਸਪਤਾਲ ਅੰਮ੍ਰਿਤਸਰ , CHC ਤਰਸਿੱਕਾ, ਮੁਢਲੇ ਸਿਹਤ ਕੇਂਦਰ ਰਮਦਾਸ ਅਤੇ CHC ਮਜੀਠਾ ਵਿਖੇ ਕੈਂਪ ਲਗਾਇਆ ਜਾ ਰਿਹਾ ਏ। ਇਹ ਕੈਂਪ ਬਾਬਾ ਬਕਾਲਾ ਸਾਹਿਬ ਅਤੇ ਅਜਨਾਲਾ ਦੇ ਸਰਕਾਰੀ ਹਸਪਤਾਲਾ ਵਿਚ CHC ਵੇਰਕਾ ਤੇ ਮਾਨਾਂਵਾਲਾ ਹਸਪਤਾਲ, ਲੋਪੋਕੇ ਸਰਕਾਰੀ ਹਸਪਤਾਲ ਅਤੇ ਮੁਢਲਾ ਸਿਹਤ ਕੇਂਦਰ ਥਰੀਏਵਾਲ ਵਿਖੇ ਲੱਗਣਗੇ। ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਜਿਲੇ ਦੇ ਲੋੜਵੰਦ ਵਿਅਕਤੀਆਂ ਨੂੰ ਅਪੀਲ ਕੀਤੀ

ਕਿ ਉਹ ਆਪਣੀ ਲੋੜ ਅਨੁਸਾਰ ਸਹਾਇਕ ਉਪਕਰਨ ਲੈਣ ਲਈ ਆਪਣੇ ਨੇੜੇ ਦੇ ਸਰਕਾਰੀ ਹਸਪਤਾਲ, CHC ਜਾਂ ਪ੍ਰਾਇਮਰੀ ਹੈਲਥ ਸੈਂਟਰ ਵਿੱਚ ਸੰਪਰਕ ਕਰਨ ਤਾਂ ਜੋ ਉਹਨਾਂ ਦੀ ਜਰੂਰਤ ਨੋਟ ਕੀਤੀ ਜਾ ਸਕੇ। ਉਹਨਾਂ ਦਿਵਿਆਂਗਜਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ, ਇਨਾਂ ਕੈਂਪਾਂ ਵਿੱਚ ਜ਼ਰੂਰ ਪੁੱਜਣ ਅਤੇ ਆਪਣਾ ਚੈਕ ਅੱਪ ਜ਼ਰੂਰ ਕਰਵਾਉਣ। ਇਹਨਾਂ ਕੈਂਪਾਂ ਸਬੰਧੀ ਵਧੇਰੇ ਜਾਣਕਾਰੀ ਉਹ ਆਪਣੇ ਆਂਗਣਵਾੜੀ ਕੇਂਦਰ ਤੋਂ ਵੀ ਲੈ ਸਕਦੇ ਹਨ।

---------------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ-ਚੰਡੀਗੜ੍ਹ ਵਿੱਚ ਕੁਝ ਥਾਵਾਂ ‘ਤੇ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ ਏ । ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਕਪੂਰਥਲਾ, ਜਲੰਧਰ, ਫਿਰੋਜ਼ਪੁਰ, ਫਾਜ਼ਿਲਕਾ, ਫਰੀਦਕੋਟ, ਮੁਕਤਸਰ, ਮੋਗਾ, ਬਠਿੰਡਾ, ਲੁਧਿਆਣਾ, ਬਰਨਾਲਾ, ਮਾਨਸਾ, ਸੰਗਰੂਰ, ਪਟਿਆਲਾ ਅਤੇ ਮਲੇਰਕੋਟਲਾ ਵਿੱਚ ਧੁੰਦ ਦਾ ਯੈਲੋ ਅਲਰਟ ਜਾਰੀ ਕੀਤਾ ਗਿਆ ਏ । ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਨਿਦੇਸ਼ਕ ਸੁਰਿੰਦਰਪਾਲ ਨੇ ਦਸਿਆ ।

**BYTE:**

ਓਧਰ ਅੰਮ੍ਰਿਤਸਰ ਵਿਚ ਸੰਘਣੀ ਧੁੰਦ ਤੇ ਮੌਸਮ ਖਰਾਬ ਕਾਰਣ ਸ੍ਰੀ ਗੁਰੂ ਰਾਮਦਾਸ ਜੀ ਕੌਮਾਂਤਰੀ ਹਵਾਈ ਅੱਡੇ ਵਿਖੇ ਪੁੱਜਣ ਤੇ ਰਵਾਨਾ ਹੋਣ ਵਾਲੀਆਂ ਘਰੇਲੂ ਤੇ ਅੰਤਰ-ਰਾਸ਼ਟਰੀ ਉਡਾਣਾਂ ਵੀ ਪ੍ਰਭਾਵਿਤ ਹੋਈਆਂ। ਸਵੇਰੇ ਦੁਬਈ, ਦਿੱਲੀ ਤੇ ਮੁੰਬਈ ਤੋਂ ਅੰਮ੍ਰਿਤਸਰ ਪੁੱਜਣ ਵਾਲੀਆਂ ਅਤੇ ਇੱਥੋਂ ਉਡਾਣ ਭਰਨ ਵਾਲੀਆਂ ਉਡਾਨਾਂ ਵਿਚ ਦੁਬਈ, ਸਿੰਗਾਪੁਰ, ਦਿੱਲੀ ਮੁੰਬਈ, ਲਖਨਊ ਦੀਆਂ ਉਡਾਣਾਂ ਆਪਣੇ ਤੈਅ ਸਮੇਂ ਤੋਂ ਦੋ ਤੋਂ ਤਿੰਨ ਘੰਟੇ ਦੇਰੀ ਵਿਚ ਰਹੀਆਂ ਨੇ, ਜਿਸ ਨਾਲ ਮੁਸਾਫ਼ਰਾਂ ਨੂੰ ਠੰਢ ਵਿਚ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪਿਆ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵੀਡੀਓ ਕਾਨਫਰੰਸ ਰਾਹੀਂ,ਜੰਮੂ ਰੇਲਵੇ ਡਿਵੀਜ਼ਨ ਸਮੇਤ ਵੱਖ-ਵੱਖ ਰੇਲਵੇ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ।
- ਅਜਿਹਾ ਹੋਣ ਨਾਲ ਪਠਾਨਕੋਟ ਜੰਕਸ਼ਨ ਵੀ, ਫਿਰੋਜ਼ਪੁਰ ਮੰਡਲ ਚੋਂ ਬਦਲ ਕੇ, ਜੰਮੂ ਮੰਡਲ ਹੇਠ ਆ ਗਿਆ ਏ।

- ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਅੰਮ੍ਰਿਤਸਰ ਸਥਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਏ- ਸ੍ਰੀ ਅਕਾਲ ਤਖਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਸਜਾਏ ਗਏ ਅਲੌਕਿਕ ਜਲੌਅ।
- ਪੰਜਾਬ ਦੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ, ਪੰਜਾਬ ਨੂੰ ਕੂੜਾ ਮੁਕਤ ਕਰਨ ਦੇ ਆਜ਼ਮਾਇਸ਼ੀ ਪ੍ਰੋਜੈਕਟ ਦੀ ਖੰਨਾ ਸ਼ਹਿਰ ਤੋਂ ਕੀਤੀ ਸ਼ੁਰੂਆਤ।
- ਮੌਸਮ ਵਿਭਾਗ ਨੇ ਅੱਜ ਪੰਜਾਬ ਤੇ ਚੰਡੀਗੜ੍ਹ ਵਿੱਚ ਕੁਝ ਥਾਵਾਂ ‘ਤੇ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ।